# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times   23 ਸਤੰਬਰ 2026 ਦਿਨ ਬੁੱਧਵਾਰ   ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਪ੍ਰਸਿੱਧ ਸ਼ਾਇਰ ਰਾਜਵੰਤ ਰਾਜ ਦੀ ਕਲਮ ਨੂੰ 'ਦਿਲਬਰ ਨੂਰਪੁਰੀ ਐਵਾਰਡ' ਦਾ ਮਾਣ ਮਿਲਿਆ

### ਧਾਮੀ ਪਰਿਵਾਰ ਵੱਲੋਂ ਰਾਜਵੰਤ ਰਾਜ ਨੂੰ 1100 ਡਾਲਰ ਦੀ ਨਕਦ ਰਾਸ਼ੀ, ਪਲੈਕ ਤੇ ਸ਼ਾਲ ਭੇਟ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 23 ਸਤੰਬਰ : ਸਰੀ ਦੇ ਜਾਣੇ-ਪਛਾਣੇ ਸ਼ਾਇਰ ਰਾਜਵੰਤ ਰਾਜ ਨੂੰ ਪੰਜਾਬੀ ਸਾਹਿਤ ਵਿੱਚ ਪਾਏ ਜਾ ਰਹੇ ਉਨ੍ਹਾਂ ਦੇ ਰਚਨਾਤਮਕ ਯੋਗਦਾਨ ਅਤੇ ਸਾਹਿਤਕ ਸਰਗਰਮੀ ਲਈ ਦਿਲਬਰ ਨੂਰਪੁਰੀ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਗ਼ਜ਼ਲ ਮੰਚ ਸਰੀ ਦੇ ਇਕ ਸਾਹਿਤਕ ਸਮਾਗਮ ਦੌਰਾਨ ਸ਼ਾਇਰ ਇੰਦਰਜੀਤ ਧਾਮੀ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਵੱਲੋਂ ਰਾਜਵੰਤ ਰਾਜ ਨੂੰ ਇਹ ਸਨਮਾਨ ਭੇਟ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੂੰ 1100 ਡਾਲਰ ਦੀ ਨਕਦ ਰਾਸ਼ੀ, ਪਲੈਕ ਅਤੇ ਸ਼ਾਲ ਦੇ ਕੇ ਸਨਮਾਨਿਤ ਕੀਤਾ ਗਿਆ।




ਦਿਲਬਰ ਨੂਰਪੁਰੀ ਐਵਾਰਡ ਦੀ ਸਥਾਪਨਾ ਸ਼ਾਇਰ ਇੰਦਰਜੀਤ ਧਾਮੀ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਆਪਣੇ ਮਰਹੂਮ ਪਿਤਾ ਦਿਲਬਰ ਨੂਰਪੁਰੀ ਦੀ ਯਾਦ ਨੂੰ ਸਮਰਪਿਤ ਕਰਦਿਆਂ ਕੀਤੀ ਗਈ ਹੈ। ਸਾਲ 2016 ਤੋਂ ਆਰੰਭ ਹੋਈ ਇਸ ਸਨਮਾਨ-ਪਰੰਪਰਾ ਤਹਿਤ ਹੁਣ ਤੱਕ 22 ਸਾਹਿਤਕਾਰਾਂ ਨੂੰ ਉਨ੍ਹਾਂ ਦੀਆਂ ਸਾਹਿਤਕ ਸੇਵਾਵਾਂ ਅਤੇ ਚੰਗੇਰਾ ਸਾਹਿਤ ਰਚਣ ਲਈ ਸਨਮਾਨਿਤ ਕੀਤਾ ਜਾ ਚੁੱਕਾ ਹੈ। ਧਾਮੀ ਪਰਿਵਾਰ ਵੱਲੋਂ ਹਰ ਸਾਲ ਦਿੱਤਾ ਜਾਂਦਾ ਇਹ ਸਨਮਾਨ ਪੰਜਾਬੀ ਸਾਹਿਤ ਦੀ ਸਿਰਜਣਾ ਨਾਲ ਜੁੜੇ ਰਚਨਾਕਾਰਾਂ ਦੀ ਹੌਸਲਾ-ਅਫ਼ਜ਼ਾਈ ਦਾ ਇਕ ਵਿਲੱਖਣ ਉਪਰਾਲਾ ਬਣ ਰਿਹਾ ਹੈ।

ਸਮਾਗਮ ਦੌਰਾਨ ਇੰਦਰਜੀਤ ਧਾਮੀ ਨੇ ਕਿਹਾ ਕਿ ਆਪਣੇ ਮਰਹੂਮ ਪਿਤਾ ਦੀ ਯਾਦ ਨੂੰ ਸਾਹਿਤ ਨਾਲ ਜੋੜ ਕੇ ਜਿਉਂਦਾ ਰੱਖਣ ਦੀ ਕੋਸ਼ਿਸ਼ ਤਹਿਤ ਇਹ ਐਵਾਰਡ ਹਰ ਸਾਲ ਅਜਿਹੇ ਸਾਹਿਤਕਾਰ ਨੂੰ ਦਿੱਤਾ ਜਾਂਦਾ ਹੈ, ਜੋ ਆਪਣੀ ਕਲਮ ਰਾਹੀਂ ਪੰਜਾਬੀ ਸਾਹਿਤ ਦੀ ਝੋਲੀ ਵਿੱਚ ਚੰਗੀਆਂ ਰਚਨਾਵਾਂ ਪਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਹਿਤਕਾਰ ਸਮਾਜ ਦੀ ਸੰਵੇਦਨਾ, ਸੋਚ ਅਤੇ ਸੱਭਿਆਚਾਰਕ ਵਿਰਾਸਤ ਦੇ ਵਾਹਕ ਹੁੰਦੇ ਹਨ ਅਤੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕਰਨਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਇਸ ਮੌਕੇ ਹੁਣ ਤੱਕ ਸਨਮਾਨਿਤ ਕੀਤੇ ਗਏ 22 ਸਾਹਿਤਕਾਰਾਂ ਦਾ ਵੇਰਵਾ ਵੀ ਸਾਂਝਾ ਕੀਤਾ।

ਸਨਮਾਨ ਪ੍ਰਾਪਤ ਕਰਨ ਉਪਰੰਤ ਰਾਜਵੰਤ ਰਾਜ ਨੇ ਕਿਹਾ ਕਿ ਕਿਸੇ ਸਾਹਿਤਕਾਰ ਲਈ ਉਸ ਦੀ ਕਲਮ ਨੂੰ ਮਿਲਣ ਵਾਲਾ ਮਾਣ ਸਿਰਫ਼ ਨਿੱਜੀ ਖੁਸ਼ੀ ਦਾ ਪਲ ਨਹੀਂ ਹੁੰਦਾ, ਸਗੋਂ ਇਹ ਉਸ ਦੀ ਸਾਹਿਤ ਪ੍ਰਤੀ ਜ਼ਿੰਮੇਵਾਰੀ ਨੂੰ ਹੋਰ ਗੰਭੀਰ ਬਣਾਉਂਦਾ ਹੈ। ਉਸ ਨੇ ਕਿਹਾ ਕਿ ਦਿਲਬਰ ਨੂਰਪੁਰੀ ਐਵਾਰਡ ਮਿਲਣ ਨਾਲ ਉਹਦੀ ਸਾਹਿਤ ਪ੍ਰਤੀ ਜ਼ਿੰਮੇਵਾਰੀ ਹੋਰ ਵਧ ਗਈ ਹੈ ਅਤੇ ਉਹ ਆਪਣੀਆਂ ਰਚਨਾਵਾਂ ਰਾਹੀਂ ਇਸ ਸਨਮਾਨ ਦੇ ਮਾਣ ਨੂੰ ਬਰਕਰਾਰ ਰੱਖਣ ਦੀ ਕੋਸ਼ਿਸ਼ ਕਰੇਗਾ। ਧਾਮੀ ਪਰਿਵਾਰ ਦਾ ਧੰਨਵਾਦ ਕਰਦਿਆਂ ਰਾਜਵੰਤ ਨੇ ਕਿਹਾ ਕਿ ਸਾਹਿਤਕਾਰ ਦੀ ਕਲਮ ਨੂੰ ਦਿੱਤਾ ਗਿਆ ਸਨਮਾਨ ਅਸਲ ਵਿੱਚ ਸਾਹਿਤ ਅਤੇ ਸਾਹਿਤਕ ਸੰਵੇਦਨਾ ਦਾ ਸਨਮਾਨ ਹੁੰਦਾ ਹੈ।

ਰਾਜਵੰਤ ਰਾਜ ਨੇ ਇਸ ਮੌਕੇ ਐਲਾਨ ਕੀਤਾ ਕਿ ਐਵਾਰਡ ਨਾਲ ਮਿਲੀ 1100 ਡਾਲਰ ਦੀ ਨਕਦ ਰਾਸ਼ੀ ਉਹ ਗ਼ਜ਼ਲ ਮੰਚ ਸਰੀ ਨੂੰ ਭੇਟ ਕਰ ਰਿਹਾ ਹੈ। ਉਸ ਨੇ ਕਿਹਾ ਕਿ ਗ਼ਜ਼ਲ ਮੰਚ ਸਰੀ ਵੱਲੋਂ ਪੰਜਾਬੀ ਗ਼ਜ਼ਲ ਅਤੇ ਸਾਹਿਤਕ ਸਰਗਰਮੀਆਂ ਨੂੰ ਪ੍ਰਫੁੱਲਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਵਿੱਚ ਇਹ ਰਾਸ਼ੀ ਉਸ ਦੇ ਹਿੱਸੇ ਦਾ ਇਕ ਛੋਟਾ ਜਿਹਾ ਯੋਗਦਾਨ ਹੋਵੇਗੀ। ਇਸ ਐਲਾਨ ਨੂੰ ਸਮਾਗਮ ਵਿੱਚ ਮੌਜੂਦ ਸਾਹਿਤਕਾਰਾਂ ਅਤੇ ਸਾਹਿਤ ਪ੍ਰੇਮੀਆਂ ਵੱਲੋਂ ਸਲਾਹਿਆ ਗਿਆ। ਇਸ ਮੌਕੇ ਗ਼ਜ਼ਲ ਮੰਚ ਸਰੀ ਦੇ ਪ੍ਰਧਾਨ ਜਸਵਿੰਦਰ, ਕੁਲਵਿੰਦਰ, ਦਵਿੰਦਰ ਗੌਤਮ, ਦਸ਼ਮੇਸ਼ ਗਿੱਲ ਫਿਰੋਜ਼ ਸਮੇਤ ਵੱਡੀ ਗਿਣਤੀ ਵਿੱਚ ਸਾਹਿਤਕਾਰ ਅਤੇ ਸਾਹਿਤ ਪ੍ਰੇਮੀ ਹਾਜਰ ਸਨ।

## ਜਗਰਾਉਂ 'ਚ 500 ਡਰੋਨਾਂ ਦੇ ਸ਼ਾਨਦਾਰ ਸ਼ੋਅ ਨੇ ਸੰਗਤ ਨੂੰ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਫ਼ਲਸਫ਼ੇ ਤੋਂ ਕਰਵਾਇਆ ਜਾਣੂ

*ਭਗਵੰਤ ਮਾਨ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਮਹਾਨ ਸਿੱਖਿਆਵਾਂ ਨੂੰ ਹਰ ਘਰ ਤੱਕ ਪਹੁੰਚਾਉਣ ਲਈ ਯਤਨਸ਼ੀਲ : ਵਿਧਾਇਕ ਸਰਵਜੀਤ ਕੌਰ ਮਾਣੂੰਕੇ*

*ਪੰਜਾਬ ਸਰਕਾਰ ਗੁਰੂ ਸਾਹਿਬ ਵੱਲੋਂ ਦਰਸਾਏ ਮਾਰਗ 'ਤੇ ਚੱਲਕੇ ਸਭ ਵਰਗਾਂ ਦੀ ਭਲਾਈ ਲਈ ਵਚਨਬੱਧ : ਵਿਧਾਇਕ ਮਾਣੂੰਕੇ*

*ਕਿਹਾ, ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੀ ਮਹਾਨ ਵਿਚਾਰਧਾਰਾ ਨਾਲ ਜੋੜਨ ਲਈ ਲਿਆ ਆਧੁਨਿਕ ਡਿਜੀਟਲ ਤਕਨੀਕ ਦਾ ਸਹਾਰਾ*




ਜਗਰਾਉਂ, (ਲੁਧਿਆਣਾ), 23 ਸਤੰਬਰ:ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਕਰਵਾਏ ਜਾ ਰਹੇ ਵਿਸ਼ੇਸ਼ ਸਮਾਗਮਾਂ ਦੀ ਲੜੀ ਤਹਿਤ ਅੱਜ ਦੇਰ ਸ਼ਾਮ ਨਵੀਂ ਅਨਾਜ ਮੰਡੀ ਜਗਰਾਉਂ ਵਿਖੇ 500 ਡਰੋਨਾਂ ਦਾ ਸ਼ਾਨਦਾਰ ਸ਼ੋਅ ਕਰਵਾਇਆ ਗਿਆ। ਰਾਤ ਦੇ ਅਸਮਾਨ ਵਿੱਚ ਰੌਸ਼ਨੀਆਂ ਨਾਲ ਸਜੇ ਸੈਂਕੜੇ ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਬਾਣੀ, ਵਿਚਾਰਧਾਰਾ ਅਤੇ ਮਹਾਨ ਫ਼ਲਸਫ਼ੇ ਨੂੰ ਦਿਲਕਸ਼ ਢੰਗ ਨਾਲ ਪੇਸ਼ ਕੀਤਾ ਗਿਆ, ਜਿਸ ਨੇ ਹਾਜ਼ਰ ਸੰਗਤ ਨੂੰ ਮੰਤਰਮੁਗਧ ਕਰ ਦਿੱਤਾ।

ਇਸ ਮੌਕੇ ਵਿਧਾਨ ਸਭਾ ਹਲਕਾ ਜਗਰਾਉਂ ਦੇ ਵਿਧਾਇਕ ਸ੍ਰੀਮਤੀ ਸਰਵਜੀਤ ਕੌਰ ਮਾਣੂੰਕੇ, ਉਪ ਮੰਡਲ ਮੈਜਿਸਟਰੇਟ (ਐਸ.ਡੀ.ਐਮ.) ਜਗਰਾਉਂ ਸ੍ਰੀ ਬਾਦਲ ਦੀਨ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ। ਸੰਗਤ ਨੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਇਸ ਵਿਲੱਖਣ ਡਰੋਨ ਸ਼ੋਅ ਦਾ ਆਨੰਦ ਮਾਣਿਆ।

ਵਿਧਾਇਕ ਸ੍ਰੀਮਤੀ ਸਰਵਜੀਤ ਕੌਰ ਮਾਣੂੰਕੇ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਦਿਆਂ ਸਮਾਜ ਦੇ ਹਰ ਵਰਗ ਦੀ ਭਲਾਈ ਅਤੇ ਬਰਾਬਰੀ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਡਰੋਨ ਸ਼ੋਅ ਵਰਗੀ ਆਧੁਨਿਕ ਡਿਜੀਟਲ ਤਕਨੀਕ ਰਾਹੀਂ ਗੁਰੂ ਸਾਹਿਬ ਦੇ ਜੀਵਨ, ਬਾਣੀ ਅਤੇ ਸਿੱਖਿਆਵਾਂ ਨੂੰ ਨੌਜਵਾਨ ਪੀੜ੍ਹੀ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਦਾ ਉਪਰਾਲਾ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਸਮੁੱਚੀ ਮਨੁੱਖਤਾ ਨੂੰ ਬਰਾਬਰੀ, ਭਾਈਚਾਰੇ, ਮਿਹਨਤ, ਸੱਚੇ ਆਚਰਣ ਅਤੇ ਸਾਂਝੀਵਾਲਤਾ ਦਾ ਸੰਦੇਸ਼ ਦਿੰਦੀ ਹੈ। ਗੁਰੂ ਸਾਹਿਬ ਦਾ ਫ਼ਲਸਫ਼ਾ ਕਿਸੇ ਇੱਕ ਵਰਗ ਜਾਂ ਭਾਈਚਾਰੇ ਤੱਕ ਸੀਮਤ ਨਹੀਂ, ਸਗੋਂ ਸਮੁੱਚੀ ਮਨੁੱਖਤਾ ਲਈ ਬਰਾਬਰੀ, ਆਜ਼ਾਦੀ ਅਤੇ ਭਾਈਚਾਰੇ ਦਾ ਮਹਾਨ ਸੰਦੇਸ਼ ਹੈ। ਉਨ੍ਹਾਂ ਜਾਤ-ਪਾਤ, ਊਚ-ਨੀਚ ਅਤੇ ਸਮਾਜਿਕ ਵਿਤਕਰੇ ਵਿਰੁੱਧ ਆਵਾਜ਼ ਬੁਲੰਦ ਕਰਦਿਆਂ ਮਨੁੱਖ ਨੂੰ ਚੰਗੇ ਕਰਮਾਂ ਅਤੇ ਉੱਚੇ ਆਚਰਣ ਦਾ ਮਾਰਗ ਦਿਖਾਇਆ।

ਵਿਧਾਇਕ ਮਾਣੂੰਕੇ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਸਾਲ ਤੱਕ ਚੱਲਣ ਵਾਲੇ ਸਮਾਗਮਾਂ ਲਈ 100 ਕਰੋੜ ਰੁਪਏ ਤੋਂ ਵੱਧ ਦਾ ਬਜਟ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਦਾ ਉਦੇਸ਼ ਗੁਰੂ ਸਾਹਿਬ ਦੇ ਮਹਾਨ ਵਿਚਾਰਾਂ ਅਤੇ ਮਨੁੱਖਤਾ ਦੀ ਭਲਾਈ ਦੇ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਆਧੁਨਿਕ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣਾ ਹੈ।

ਸਮਾਗਮ ਦੌਰਾਨ ਭਾਈ ਮਨਜਿੰਦਰ ਸਿੰਘ ਖਾਲਸਾ ਦੇ ਰਾਗੀ ਜੱਥੇ ਨੇ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੀ ਸੰਗਤ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਇਸ ਵਿਲੱਖਣ ਉਪਰਾਲੇ ਦੀ ਸ਼ਲਾਘਾ ਕੀਤੀ।

## ਸਰਕਾਰੀ ਹਾਈ ਸਕੂਲ ਦਲ ਸਿੰਘ ਵਾਲਾ ਦੇ ਹੋਣਹਾਰ ਵਿਦਿਆਰਥੀਆਂ ਦਾ ਰਾਮ ਮੁਹੰਮਦ ਸਿੰਘ ਆਜ਼ਾਦ ਵੈਲਫੇਅਰ ਸੁਸਾਇਟੀ ਵੱਲੋਂ ਕੀਤਾ ਗਿਆ ਸਨਮਾਨ

### ਸੂਫੀ ਫਕੀਰ ਬਾਬਾ ਸ਼ੇਖ ਫਰੀਦ ਜੀ ਦੇ ਆਗਮਨ ਪੁਰਬ ਮੌਕੇ ਉਹਨਾਂ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲੈਣ ਦਾ ਦਿੱਤਾ ਸੱਦਾ।

ਵਰਲਡ ਪੰਜਾਬੀ ਟਾਈਮਜ਼ ਸ਼ਿਵਨਾਥ

ਜੈਤੋ, 23 ਸਤੰਬਰ : ਰਾਮ ਮੁਹੰਮਦ ਸਿੰਘ ਆਜ਼ਾਦ ਵੈਲਫੇਅਰ ਸੁਸਾਇਟੀ( ਰਜਿ ਕੋਟਕਪੂਰਾ ਵੱਲੋਂ ਅੱਜ ਇੱਥੋਂ ਥੋੜ੍ਹੀ ਦੂਰ ਸਰਕਾਰੀ ਹਾਈ ਸਕੂਲ ਦਲ ਸਿੰਘ ਵਾਲਾ ਦੇ ਵਿਦਿਅਕ ਸੈਸ਼ਨ 2025-26 ਦੌਰਾਨ ਛੇਵੀਂ ਤੋਂ ਦਸਵੀਂ ਜਮਾਤ ਵਿੱਚੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਮੈਡਲ, ਸਰਟੀਫਿਕੇਟ ਅਤੇ ਸਟੇਸ਼ਨਰੀ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਗਮ ਨੂੰ ਸੰਬੋਧਨ ਕਰਦੇ ਹੋਏ ਸੋਸਾਇਟੀ ਦੇ ਜਨਰਲ ਸਕੱਤਰ ਕੁਲਵੰਤ ਸਿੰਘ ਚਾਨੀ, ਮੀਤ ਪ੍ਰਧਾਨ ਪ੍ਰੇਮ ਚਾਵਲਾ, ਵਿੱਤ ਸਕੱਤਰ ਸੋਮ ਨਾਥ ਅਰੋੜਾ ਅਤੇ ਕਮੇਟੀ ਮੈਂਬਰ ਹਰਨੇਕ ਸਿੰਘ ਸਾਹੋਕੇ ਨੇ ਕਿਹਾ ਕਿ ਸੋਸਾਇਟੀ ਵੱਲੋਂ ਆਪਣੇ ਲਗਭਗ 10 ਸਾਲਾਂ ਦੇ ਕਾਰਜਕਾਲ ਦੌਰਾਨ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਦੇ ਨਾਲ ਵਿਦਿਆਰਥੀਆਂ ਵਿੱਚ ਮੁਕਾਬਲੇ ਦੀ ਭਾਵਨਾ ਪੈਦਾ ਕਰਨ ਲਈ ਵੱਖ ਵੱਖ ਕਿਸਮ ਦੇ ਮੁਕਾਬਲੇ ਵੀ ਕਰਵਾਏ ਗਏ ਹਨ। ਇਸ ਤੋਂ ਇਲਾਵਾ ਦੇਸ਼ ਦੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦੇ ਹੋਏ ਉਹਨਾਂ ਦੇ ਜਨਮ ਦਿਨ ਅਤੇ ਸ਼ਹੀਦੀ ਦਿਹਾੜੇ ਮਨਾਕੇ ਉਹਨਾਂ ਦੀਆਂ ਕੁਰਬਾਨੀਆਂ ਦੀ ਯਾਦ ਨੂੰ ਤਾਜ਼ਾ ਕਰਦੇ ਹੋਏ ਇਸ ਸਮੇਂ ਦੇਸ਼ ਨੂੰ ਦਰਪੇਸ਼ ਚੁਣੌਤੀਆਂ ਸਬੰਧੀ ਵਿਦਿਆਰਥੀਆਂ ਤੇ ਨੌਜਵਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।




ਸਕੂਲ ਦੇ ਮੁੱਖ ਅਧਿਆਪਕਾ ਮੈਡਮ ਸੁਮਨਦੀਪ ਕੌਰ ਨੇ ਸਮੂਹ ਹਾਜ਼ਰੀਨ ਨੂੰ ਜੀ ਆਇਆਂ ਆਖਿਆ ਅਤੇ ਸੋਸਾਇਟੀ ਵੱਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਬਿਹਤਰੀ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ। ਸਮਾਗਮ ਦੌਰਾਨ ਪੈਨਸ਼ਨਰ ਆਗੂ ਪ੍ਰੇਮ ਚਾਵਲਾ ਨੇ ਮਹਾਨ ਸੂਫ਼ੀ ਫ਼ਕੀਰ ਬਾਬਾ ਸ਼ੇਖ ਫਰੀਦ ਜੀ ਦੇ ਆਗਮਨ ਪੁਰਬ ਦੇ ਮੌਕੇ ਉਹਨਾਂ ਦੇ ਵੱਖ ਵੱਖ ਸ਼ਲੋਕ ਵਿਦਿਆਰਥੀਆਂ ਨਾਲ ਸਾਂਝੇ ਕਰਕੇ ਬਾਬਾ ਸ਼ੇਖ ਫਰੀਦ ਜੀ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲੈਣ ਦਾ ਸੱਦਾ ਦਿੱਤਾ। ਸਮਾਗਮ ਦਾ ਮੰਚ ਸੰਚਾਲਨ ਸਕੂਲ ਦੇ ਅਧਿਆਪਕ ਬਲਵਿੰਦਰ ਸਿੰਘ ਵੱਲੋਂ ਬਾਖੂਬੀ ਨਿਭਾਇਆ ਗਿਆ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸਕੂਲ ਦੇ ਸਟਾਫ ਮੈਂਬਰਜ਼ ਵਿਸ਼ਵਦੀਪ ਕੌਰ, ਪੰਕਜ ਮਿੱਤਲ ,ਜਸਪ੍ਰੀਤ ਕੌਰ, ਵਰਿੰਦਰ ਸਿੰਘ, ਰੇਣੂ ਬਾਲਾ, ਪ੍ਰੀਆ ਅਤੇ ਦਵਿੰਦਰ ਪਾਲ ਆਦਿ ਹਾਜ਼ਰ ਸਨ ।

## ਗੁਰੂ ਨਾਨਕ ਸਟੇਡੀਅਮ 'ਚ 04-10 ਅਕਤੂਬਰ ਤੱਕ ਅਗਨੀਵੀਰ ਭਰਤੀ ਰੈਲੀ

### ਵਧੀਕ ਡਿਪਟੀ ਕਮਿਸ਼ਨਰ ਸ਼ਿਖਾ ਭਗਤ ਨੇ ਸਮੀਖਿਆ ਮੀਟਿੰਗ ਦੀ ਕੀਤੀ ਪ੍ਰਧਾਨਗੀ*

### ਲੁਧਿਆਣਾ, ਮੋਗਾ, ਰੂਪਨਗਰ ਤੇ ਐਸ.ਏ.ਐਸ. ਨਗਰ (ਮੋਹਾਲੀ) ਜ਼ਿਲ੍ਹਿਆਂ ਦੇ ਨੌਜਵਾਨ ਲੈ ਸਕਦੇ ਹਨ ਹਿੱਸਾ

ਲੁਧਿਆਣਾ, 23 ਸਤੰਬਰ : ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ਼ਿਖਾ ਭਗਤ ਨੇ ਆਰਮੀ ਰਿਕਰੂਟਮੈਂਟ ਦਫ਼ਤਰ (ਏ.ਆਰ.ਓ), ਲੁਧਿਆਣਾ ਦੇ ਭਰਤੀ ਨਿਰਦੇਸ਼ਕ ਅਤੇ ਫੌਜ ਦੇ ਅਧਿਕਾਰੀਆਂ ਨਾਲ ਮਿਲ ਕੇ 04 ਤੋਂ10 ਅਕਤੂਬਰ, 2026 ਤੱਕ ਹੋਣ ਵਾਲੀ 'ਅਗਨੀਵੀਰ ਭਰਤੀ ਰੈਲੀ 2026' ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਇੱਕ ਮੀਟਿੰਗ ਦੀ ਪ੍ਰਧਾਨਗੀ ਕੀਤੀ।



ਜ਼ੋਨਲ ਭਰਤੀ ਦਫ਼ਤਰ, ਜਲੰਧਰ ਅਧੀਨ ਆਰਮੀ ਰਿਕਰੂਟਮੈਂਟ ਦਫ਼ਤਰ, ਲੁਧਿਆਣਾ, ਵਜਰ ਕੋਰ (Vajra Corps) ਦੇ ਜਵਾਨਾਂ ਦੇ ਸਹਿਯੋਗ ਨਾਲ ਭਾਰਤੀ ਫੌਜ ਵਿੱਚ ਵੱਖ-ਵੱਖ ਵਰਗਾਂ ਦੀ ਭਰਤੀ ਲਈ ਗੁਰੂ ਨਾਨਕ ਸਟੇਡੀਅਮ, ਲੁਧਿਆਣਾ ਵਿਖੇ 04-10 ਅਕਤੂਬਰ 2026 ਤੱਕ ਅਗਨੀਵੀਰ ਭਰਤੀ ਰੈਲੀ ਦਾ ਆਯੋਜਨ ਕੀਤਾ ਜਾਵੇਗਾ। ਇਸ ਰੈਲੀ ਵਿੱਚ ਲੁਧਿਆਣਾ, ਮੋਗਾ, ਰੂਪਨਗਰ ਅਤੇ ਐਸ.ਏ.ਐਸ. ਨਗਰ (ਮੋਹਾਲੀ) ਜ਼ਿਲ੍ਹਿਆਂ ਦੇ ਉਹ ਯੋਗ ਨੌਜਵਾਨ ਹਿੱਸਾ ਲੈ ਸਕਦੇ ਹਨ ਜਿਨ੍ਹਾਂ ਸੀ ਈ ਈ ਪ੍ਰੀਖਿਆ ਪਾਸ ਕਰ ਲਈ ਹੈ।

ਇਸ ਸਬੰਧ ਵਿੱਚ, ਆਰਮੀ ਰਿਕਰੂਟਮੈਂਟ ਦਫ਼ਤਰ ਲੁਧਿਆਣਾ ਦੇ ਭਰਤੀ ਨਿਰਦੇਸ਼ਕ ਨੇ ਦੱਸਿਆ ਕਿ ਪੰਜਾਬ ਦੀਆਂ ਸਭ ਤੋਂ ਵੱਡੀਆਂ ਭਰਤੀ ਰੈਲੀਆਂ ਵਿੱਚੋਂ ਇੱਕ ਹੋਣ ਦੇ ਨਾਤੇ, ਭਰਤੀ ਪ੍ਰਕਿਰਿਆ ਨੂੰ ਬਹੁਤ ਹੀ ਪਾਰਦਰਸ਼ੀ, ਸੁਚਾਰੂ ਅਤੇ ਸੁਰੱਖਿਅਤ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਹਨ।

ਉਨ੍ਹਾਂ ਅੱਗੇ ਦੱਸਿਆ ਕਿ ਰੈਲੀ ਵਿੱਚ 6100 ਤੋਂ ਵੱਧ ਉਮੀਦਵਾਰਾਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਏ ਆਰ ਓ, ਲੁਧਿਆਣਾ ਦੀ ਭਰਤੀ ਰੈਲੀ ਸਿਵਲ-ਫੌਜੀ ਤਾਲਮੇਲ ਦੀ ਇੱਕ ਵਧੀਆ ਮਿਸਾਲ ਹੈ; ਇਸ ਦੀ ਝਲਕ 2024 ਅਤੇ 2025 ਦੀਆਂ ਅਗਨੀਵੀਰ ਭਰਤੀ ਰੈਲੀਆਂ ਦੌਰਾਨ ਦੇਖਣ ਨੂੰ ਮਿਲੀ ਸੀ, ਜਿਨ੍ਹਾਂ ਨੂੰ ਉਮੀਦਵਾਰਾਂ ਅਤੇ ਵੱਖ-ਵੱਖ ਸਿਵਲ ਤੇ ਫੌਜੀ ਅਧਿਕਾਰੀਆਂ ਵੱਲੋਂ ਭਰਪੂਰ ਸਰਾਹਿਆ ਅਤੇ ਪਸੰਦ ਕੀਤਾ ਗਿਆ ਸੀ।

ਵਧੀਕ ਡਿਪਟੀ ਕਮਿਸ਼ਨਰ ਭਗਤ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਪੰਜਾਬ ਦੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਭਰਤੀ ਰੈਲੀ ਦੇ ਸਫਲ ਆਯੋਜਨ ਨੂੰ ਯਕੀਨੀ ਬਣਾਉਣ ਲਈ ਭਾਰਤੀ ਫੌਜ ਨੂੰ ਹਰ ਤਰ੍ਹਾਂ ਦਾ ਲੋੜੀਂਦਾ ਪ੍ਰਸ਼ਾਸਨਿਕ ਅਤੇ ਬੁਨਿਆਦੀ ਢਾਂਚੇ ਸਬੰਧੀ ਸਹਿਯੋਗ ਦਿੱਤਾ ਜਾਵੇਗਾ।

ਉਨ੍ਹਾਂ ਵੱਖ-ਵੱਖ ਵਿਭਾਗਾਂ ਨੂੰ ਰੈਲੀ ਦੌਰਾਨ ਸਾਰੇ ਲੋੜੀਂਦੇ ਪ੍ਰਬੰਧ ਕਰਨ ਦੇ ਵੀ ਨਿਰਦੇਸ਼ ਦਿੱਤੇ ਜਿਨ੍ਹਾਂ ਵਿੱਚ ਰਿਫਰੈਸ਼ਮੈਂਟ, ਪੀਣ ਵਾਲਾ ਸਾਫ ਪਾਣੀ, ਨਿਰਵਿਘਨ ਬਿਜਲੀ ਸਪਲਾਈ, ਇੰਟਰਨੈਟ, ਮੈਟਲ ਡਿਟੈਕਟਰ, ਫਾਇਰ ਟੈਂਡਰ, ਮੋਬਾਇਲ ਪਖਾਨੇ, ਮੈਡੀਕਲ ਟੀਮ ਆਦਿ ਸ਼ਾਮਲ ਹਨ।

## ਬਾਬਾ ਫਰੀਦ ਆਗਮਨ ਪੁਰਬ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਜੀ ਦੇ ਮਾਤਾ ਜੀ ਹੋਏ ਨਤਮਸਤਕ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 23 ਸਤੰਬਰ : ਸੂਫ਼ੀ ਪ੍ਰੰਪਰਾ ਦੇ ਮਹਾਨ ਸੰਤ ਬਾਬਾ ਸ਼ੇਖ ਫ਼ਰੀਦ ਜੀ ਦੀ ਚਰਨ ਛੂਹ ਧਰਤੀ ਫ਼ਰੀਦਕੋਟ ਵਿਖੇ 19 ਸਤੰਬਰ ਤੋਂ 5 ਰੋਜ਼ਾ ਆਗਮਨ-ਪੁਰਬ ਮਨਾਇਆ ਜਾ ਰਿਹਾ ਹੈ। ਬਾਬਾ ਸ਼ੇਖ ਫ਼ਰੀਦ ਜੀ ਦੇ ਧਾਰਮਿਕ ਅਤੇ ਇਤਿਹਾਸਿਕ ਅਸਥਾਨ ਹੈ ਜੋ ਕਿ ਸਰਬ- ਸਾਂਝੀ ਵਾਲਤਾ ਦਾ ਪ੍ਰਤੀਕ ਹੈ, ਵਿਖੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਜੀ ਦੇ ਮਾਤਾ ਜੀ ਸ੍ਰੀਮਤੀ ਹਰਪਾਲ ਕੌਰ ਨੇ ਸ਼ਿਰਕਤ ਕੀਤੀ ਅਤੇ ਅਸ਼ੀਰਵਾਦ ਪ੍ਰਾਪਤ ਕੀਤਾ। ਬਾਬਾ ਫ਼ਰੀਦ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ ਦੇ ਚੇਅਰਮੈਨ ਸ. ਸਿਮਰਜੀਤ ਸਿੰਘ ਸੇਖੋਂ ਜੀ ਨੇ ਇਹਨਾਂ ਦਾ ਸੁਆਗਤ ਕਰਦਿਆਂ ਇਸ ਸਥਾਨ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਕਿ ਕਿਸ ਪ੍ਰਕਾਰ ਫ਼ਰੀਦਕੋਟ ਦਾ ਨਾਮ ਮੋਕਲਹਰ ਤੋਂ ਬਾਬਾ ਸ਼ੇਖ ਫ਼ਰੀਦ ਜੀ ਦੇ ਨਾਮ ਤੇ ਰੱਖਿਆ ਗਿਆ ਅਤੇ ਜ਼ਿਕਰ ਕਰਦਿਆਂ ਦੱਸਿਆ ਕਿ ਪਿਛਲੇ 57 ਸਾਲਾਂ ਤੋਂ ਸ. ਇੰਦਰਜੀਤ ਸਿੰਘ ਖਾਲਸਾ ਜੀ ਦੀ ਮਹਾਨ ਦੇਣ ਸਦਕਾ ਬਾਬਾ ਸ਼ੇਖ ਫ਼ਰੀਦ ਜੀ ਦਾ ਆਗਮਨ ਪੁਰਬ ਬੜ੍ਹੀ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਉਪਰੰਤ ਪ੍ਰਧਾਨ ਸ. ਸਿਮਰਜੀਤ ਸਿੰਘ ਸੇਖੋਂ ਜੀ ਨੇ ਮਾਤਾ ਜੀ ਨੂੰ ਸਿਰਪਾਓ ਅਤੇ ਸ. ਇੰਦਰਜੀਤ ਸਿੰਘ ਖ਼ਾਲਸਾ ਜੀ ਦੁਆਰਾ ਲਿਖ਼ਤ ਕਿਤਾਬਾਂ ਦੇ ਕੇ ਸਨਮਾਨਿਤ ਕੀਤਾ। ਇਸ ਪਾਵਨ ਮੌਕੇ ਸ. ਚਰਨਜੀਤ ਸਿੰਘ ਸੇਖੋਂ, ਸ. ਸੁਰਿੰਦਰ ਸਿੰਘ ਰੋਮਾਣਾ, ਸ. ਦੀਪਇੰਦਰ ਸਿੰਘ ਸੇਖੋਂ, ਸ. ਗੁਰਜਾਪ ਸਿੰਘ ਸੇਖੋਂ, ਸਰਦਾਰਨੀ ਰਾਜਪਾਲ ਕੌਰ ਸੇਖੋਂ, ਕੁਲਜੀਤ ਸਿੰਘ ਮੌਂਗੀਆਂ, ਗੁਰਇੰਦਰ ਮੋਹਨ ਸਿੰਘ, ਅਤੇ ਸ. ਨਰਿੰਦਰ ਪਾਲ ਸਿੰਘ ਬਰਾੜ ਸਮੇਤ ਹੋਰ ਪਤਵੰਤੇ ਸਜੱਣ ਅਤੇ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਖੇਤਰੀ ਖੋਜ ਕੇਂਦਰ ਫ਼ਰੀਦਕੋਟ ਵਿਖੇ ਹਾੜ੍ਹੀ ਦੀਆਂ ਫ਼ਸਲਾਂ ਲਈ ਪੀ. ਏ. ਯੂ. ਵੱਲੋਂ ਕਿਸਾਨ ਮੇਲਾ ਆਯੋਜਿਤ ਹੋਇਆ

## ਪੀ.ਏ.ਯੂ ਪੰਜਾਬ ਦੇ ਕਿਸਾਨਾਂ ਦੀ ਸਿਰਮੌਰ ਸੰਸਥਾ: ਸ. ਗੁਰਦਿੱਤ ਸਿੰਘ ਸੇਖੋਂ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 23 ਸਤੰਬਰ : ਹਾੜ੍ਹੀ ਦੀਆਂ ਫ਼ਸਲਾਂ ਲਈ ਸਤੰਬਰ ਮਹੀਨੇ ਦੌਰਾਨ ਪੀ.ਏ.ਯੂ. ਵਲੋਂ ਕਰਵਾਏ ਜਾਂਦੇ ਕਿਸਾਨ ਮੇਲਿਆਂ ਦੀ ਲੜੀ ਤਹਿਤ ਅੱਜ ਖੇਤਰੀ ਖੋਜ ਕੇਂਦਰ, ਫ਼ਰੀਦਕੋਟ ਵਿਖੇ ਕਿਸਾਨ ਮੇਲਾ ਆਯੋਜਿਤ ਕੀਤਾ ਗਿਆ। ਇਸ ਮੇਲੇ ਵਿੱਚ ਸ. ਗੁਰਦਿੱਤ ਸਿੰਘ ਸੇਖੋਂ, ਐਮ. ਐੱਲ. ਏ. ਫਰੀਦਕੋਟ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਕਿਸਾਨ ਮੇਲੇ ਦੀ ਪ੍ਰਧਾਨਗੀ ਪੀ.ਏ.ਯੂ. ਦੇ ਵਾਈਸ ਚਾਂਸਲਰ ਸ. ਸੁਖਜੀਤ ਪਾਲ ਸਿੰਘ ਆਈ.ਏ.ਐਸ. ਨੇ ਕੀਤੀ।ਇਸ ਮੌਕੇ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਮਾਤਾ ਸਰਦਾਰਨੀ ਹਰਪਾਲ ਕੌਰ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਸ਼੍ਰੀ ਰਾਹੁਲ ਚਾਬਾ, ਆਈ. ਏ. ਐਸ, ਡਿਪਟੀ ਕਮਿਸ਼ਨਰ ਫ਼ਰੀਦਕੋਟ, ਇੰਜ. ਅਮਰਜੀਤ ਸਿੰਘ ਢਿੱਲੋਂ, ਮੈਂਬਰ ਪ੍ਰਬੰਧਕੀ ਬੋਰਡ ਪੀ.ਏ.ਯੂ, ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ, ਨਿਰਦੇਸ਼ਕ ਪਸਾਰ ਸਿੱਖਿਆ ਡਾ ਮੱਖਣ ਸਿੰਘ ਭੁੱਲਰ, ਵਧੀਕ ਨਿਰਦੇਸ਼ਕ ਪਸਾਰ ਸਿੱਖਿਆ ਡਾ. ਤਰਸੇਮ ਸਿੰਘ ਢਿੱਲੋਂ, ਯੂਨੀਵਰਸਿਟੀ ਉੱਚ ਅਧਿਕਾਰੀ ਅਤੇ ਵੱਖ ਵੱਖ ਵਿਭਾਗਾਂ ਦੇ ਮੁਖੀ ਸਹਿਬਾਨ ਵੀ ਮੰਚ 'ਤੇ ਮੌਜੂਦ ਸਨ।




ਮੁੱਖ ਮਹਿਮਾਨ ਸ. ਗੁਰਦਿੱਤ ਸਿੰਘ ਸੇਖੋਂ, ਐਮ. ਐੱਲ. ਏ. ਫ਼ਰੀਦਕੋਟ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ ਖੇਤੀ ਸੁਧਾਰਾਂ ਲਈ ਪੀ.ਏ.ਯੂ ਨਾਲ ਜੁੜਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਖੇਤੀ ਨੂੰ ਲਾਹੇਵੰਦ ਧੰਦਾ ਬਣਾਉਣ ਲਈ ਖੇਤੀ ਸੰਬੰਧਿਤ ਸਹਾਇਕ ਧੰਦੇ ਅਪਨਾਉਣੇ ਚਾਹੀਦੇ ਹਨ। ਉਨ੍ਹਾਂ ਪੰਜਾਬ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਪੀ.ਏ.ਯੂ ਤੋਂ ਸਿਖਲਾਈ ਹਾਸਲ ਕਰਕੇ ਖੇਤੀ ਅਤੇ ਖੇਤੀ ਸੰਬੰਧਿਤ ਵਪਾਰਕ ਖੇਤਰ ਨਾਲ ਜੁੜਨ। ਸ. ਸੇਖੋਂ ਨੇ ਪੰਜਾਬ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਥਾਂ ਪੀ.ਏ.ਯੂ ਵੱਲੋਂ ਕੀਤੀਆਂ ਸਿਫਾਰਸ਼ਾਂ ਅਨੁਸਾਰ ਪਰਾਲੀ ਨੂੰ ਖੇਤ ਵਿੱਚ ਹੀ ਰੱਖਣ ਦਾ ਅਹਿਦ ਕਰਨ। ਉਨ੍ਹਾਂ ਕਿਹਾ ਕਿ ਪੀ.ਏ.ਯੂ ਪੰਜਾਬ ਦੇ ਕਿਸਾਨਾਂ ਦੀ ਸਿਰਮੌਰ ਸੰਸਥਾ ਹੈ। ਪੀ.ਏ.ਯੂ ਕਿਸਾਨ ਦੇ ਖੇਤਾਂ ਤੱਕ ਆ ਕੇ ਨਵੀਆਂ ਖੋਜਾਂ ਅਤੇ ਖੇਤੀ ਤਕਨੀਕਾਂ ਬਾਰੇ ਜਾਣਕਾਰੀ ਦਿੰਦੀ ਹੈ।

ਪੀ.ਏ.ਯੂ ਵਾਈਸ ਚਾਂਸਲਰ ਸ. ਸੁਖਜੀਤ ਪਾਲ ਸਿੰਘ ਆਈ.ਏ.ਐਸ. ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਬੋਲਦਿਆਂ ਕਿਹਾ ਕਿ ਪੀ.ਏ.ਯੂ ਨਵੀਆਂ ਖੋਜਾਂ ਕਰਕੇ ਖੇਤੀ ਸੁਧਾਰਾਂ ਲਈ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਪੀ.ਏ.ਯੂ ਦੇ ਵਿਗਿਆਨੀਆਂ ਦੀ ਹਮੇਸ਼ਾਂ ਇਹੀ ਕੋਸ਼ਿਸ਼ ਰਹਿੰਦੀ ਹੈ ਕਿ ਉਨ੍ਹਾਂ ਵੱਲੋਂ ਕੀਤੀ ਹਰ ਨਵੀਂ ਖੋਜ ਕਿਸਾਨ ਦੇ ਖੇਤ ਤੱਕ ਪਹੁੰਚੇ। ਉਨ੍ਹਾਂ ਕਿਹਾ ਕਿ ਵਿਗਿਆਨੀ ਹਰ ਫਸਲ ਦੇ ਝਾੜ ਅਤੇ ਗੁਣਵੱਤਾ ਵਿੱਚ ਵਾਧਾ ਕਰਨ ਲਈ ਨਵੀਆਂ ਕਿਸਮਾਂ ਈਜਾਦ ਕਰ ਰਹੇ ਹਨ ਅਤੇ ਪੁਰਾਣੀਆਂ ਕਿਸਮਾਂ ਵਿੱਚ ਸੁਧਾਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿਸਾਨ ਮੇਲੇ ਸਿਰਫ ਬੀਜ ਖਰੀਦਣ ਤੱਕ ਹੀ ਸੀਮਤ ਨਹੀਂ ਰਹਿਣੇ ਚਾਹੀਦੇ ਸਗੋਂ ਇਹ ਮੇਲੇ ਵਿਚਾਰ-ਵਟਾਂਦਰੇ ਦਾ ਕੇਂਦਰ ਬਣਨੇ ਚਾਹੀਦੇ ਹਨ। ਵਾਈਸ ਚਾਂਸਲਰ ਸ. ਸੁਖਜੀਤ ਪਾਲ ਸਿੰਘ ਆਈ.ਏ.ਐਸ. ਨੇ ਕਿਹਾ ਕਿ ਕਿਸਾਨਾਂ ਦੀ ਹਰ ਖੇਤੀ ਸਮੱਸਿਆ ਦਾ ਹੱਲ ਕਰਨ ਲਈ ਮੇਲੇ ਵਿੱਚ ਵਿਗਿਆਨੀ ਹਾਜਰ ਹਨ। ਕਿਸਾਨਾਂ ਨੂੰ ਆਪਣੀਆਂ ਖੇਤੀ ਸਮੱਸਿਆਵਾਂ ਵਿਗਿਆਨੀਆਂ ਨਾਲ ਸਾਂਝੀਆਂ ਕਰਨੀਆਂ ਚਾਹੀਦੀਆਂ ਹਨ ਤਾਂ ਜੋ ਖੇਤੀ ਖੋਜਾਂ ਵਿੱਚ ਹੋਰ ਸੁਧਾਰ ਹੋ ਸਕੇ। ਪਰਾਲੀ ਦੀ ਸਮੱਸਿਆ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਪਰਾਲੀ ਨੂੰ ਇੱਕ ਸਮੱਸਿਆ ਵਜੋਂ ਦੇਖਣ ਦੀ ਬਜਾਏ ਇੱਕ ਸਰੋਤ ਵਜੋਂ ਦੇਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਕਿਸਾਨ ਨੂੰ ਫਸਲ ਪੈਦਾ ਕਰਨ ਦੇ ਨਾਲ-ਨਾਲ ਮੰਡੀਕਰਨ ਉਪਰ ਵੀ ਧਿਆਨ ਦੇਣਾ ਸਮੇਂ ਦੀ ਲੋੜ ਹੈ।

ਪੀ.ਏ.ਯੂ ਦੇ ਪ੍ਰਬੰਧਕੀ ਬੋਰਡ ਦੇ ਮੈਂਬਰ ਇੰਜ. ਅਮਰਜੀਤ ਸਿੰਘ ਢਿੱਲੋਂ ਨੇ ਹਾਜ਼ਰ ਕਿਸਾਨਾਂ ਨਾਲ ਆਪਣੇ ਖੇਤੀ ਤਜਰਬੇ ਸਾਂਝੇ ਕੀਤੇ। ਉਨ੍ਹਾਂ ਆਪਣੇ ਭਾਸ਼ਣ ਵਿੱਚ ਦੱਸਿਆ ਕਿ ਉਨ੍ਹਾਂ ਵੱਲੋਂ ਕੀਤੀ ਜਾ ਰਹੀ ਵਿਗਿਆਨਕ ਖੇਤੀ ਵਿੱਚ ਪੀ.ਏ.ਯੂ ਦਾ ਵੱਡਾ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਪ੍ਰਬੰਧਕੀ ਬੋਰਡ ਦੇ ਮੈਂਬਰ ਵਜੋਂ ਉਹ ਕਿਸਾਨਾਂ ਦੀਆਂ ਸਮੱਸਿਆਵਾਂ ਯੂਨੀਵਰਸਿਟੀ ਦੇ ਵਿਗਿਆਨੀਆਂ ਤੱਕ ਪਹੁੰਚਾਉਣ ਅਤੇ ਯੂਨੀਵਰਸਿਟੀ ਦਾ ਸੁਨੇਹਾ ਕਿਸਾਨਾਂ ਤੱਕ ਲੈ ਕੇ ਜਾਣ ਲਈ ਯਤਨਸ਼ੀਲ ਹਨ। ਇੰਜ. ਢਿੱਲੋਂ ਨੇ ਫਿਕਰਮੰਦੀ ਜਾਹਰ ਕੀਤੀ ਕਿ ਪੰਜਾਬ ਦਾ ਕਿਸਾਨ ਖੇਤੀ ਸਾਹਿਤ ਨਾਲੋਂ ਟੁੱਟ ਰਿਹਾ ਹੈ। ਉਨ੍ਹਾਂ ਕਿਹਾ ਕਿ ਖੇਤੀ ਨੂੰ ਵਿਗਿਆਨਕ ਬਣਾਉਣ ਲਈ ਕਿਸਾਨ ਦਾ ਖੇਤੀ ਸਾਹਿਤ ਸਾਹਿਤ ਨਾਲ ਜੁੜਨਾ ਜਰੂਰੀ ਹੈ।

ਪੀ.ਏ.ਯੂ. ਦੇ ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ ਨੇ ਹਾੜ੍ਹੀ ਦੀਆਂ ਫ਼ਸਲਾਂ ਲਈ ਯੂਨੀਵਰਸਿਟੀ ਵੱਲੋਂ ਜਾਰੀ ਖੇਤੀ ਸਿਫ਼ਾਰਿਸ਼ਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਖੇਤੀ ਪੈਦਾਵਾਰ ਵਿੱਚ ਨਿਰੰਤਰ ਹੋ ਰਿਹਾ ਵਾਧਾ ਵਿਗਿਆਨੀਆਂ ਦੀ ਖੋਜ, ਕਿਸਾਨਾਂ ਦੀ ਮਿਹਨਤ ਅਤੇ ਸਰਕਾਰੀ ਨੀਤੀਆਂ ਦੇ ਆਪਸੀ ਤਾਲਮੇਲ ਦਾ ਸਿੱਟਾ ਹੈ। ਉਨ੍ਹਾਂ ਕਿਹਾ ਕਿ ਖੇਤੀ ਉਤਪਾਦਨ ਵਧਾਉਣ ਦੇ ਨਾਲ-ਨਾਲ ਫ਼ਸਲਾਂ ਦੀ ਗੁਣਵੱਤਾ ਨੂੰ ਕਾਇਮ ਰੱਖਣਾ ਵੀ ਸਮੇਂ ਦੀ ਅਹਿਮ ਲੋੜ ਹੈ। ਡਾ. ਢੱਟ ਨੇ ਪੰਜਾਬ ਦੇ ਕਿਸਾਨਾਂ ਅਤੇ ਖੇਤੀ ਮਾਹਿਰਾਂ ਵੱਲੋਂ ਮਿਲ ਕੇ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਸਾਂਝੇ ਉਪਰਾਲਿਆਂ ਨੇ ਦੇਸ਼ ਦੀ ਖੇਤੀਬਾੜੀ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਨ੍ਹਾਂ ਇਸ ਸੰਦਰਭ ਵਿੱਚ ਪੀ.ਏ.ਯੂ. ਵੱਲੋਂ ਖੇਤੀ ਖੋਜ ਅਤੇ ਕਿਸਾਨਾਂ ਨੂੰ ਵਿਗਿਆਨਕ ਸੇਧ ਦੇਣ ਵਿੱਚ ਨਿਭਾਈ ਜਾ ਰਹੀ ਅਹਿਮ ਭੂਮਿਕਾ ਨੂੰ ਵੀ ਉਜਾਗਰ ਕੀਤਾ।

ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵੱਲੋਂ ਹੁਣ ਤਕ 994 ਕਿਸਮਾਂ ਤਿਆਰ ਕਰਕੇ ਕਾਸ਼ਤ ਲਈ ਸਿਫਾਰਸ਼ ਕੀਤੀਆਂ ਜਾ ਚੁੱਕੀਆਂ ਹਨ, ਜਿਨ੍ਹਾਂ ਵਿੱਚੋਂ 250 ਤੋਂ ਵਧੇਰੇ ਕਿਸਮਾਂ ਨੂੰ ਰਾਸ਼ਟਰੀ ਪੱਧਰ 'ਤੇ ਪ੍ਰਵਾਨਗੀ ਮਿਲੀ ਹੈ। ਉਨ੍ਹਾਂ ਪਿਛਲੇ ਛੇ ਮਹੀਨਿਆਂ ਦੌਰਾਨ ਤਿਆਰ ਕੀਤੀਆਂ ਨਵੀਂਆਂ ਸਿਫਾਰਸ਼ੀ ਕਿਸਮਾਂ, ਉਤਪਾਦਨ ਤਕਨੀਕਾਂ, ਪੌਦ ਸੁਰੱਖਿਆ ਉਪਾਅਾਂ ਅਤੇ ਹੋਰ ਖੇਤੀ ਸਿਫਾਰਿਸ਼ਾਂ ਬਾਰੇ ਵੀ ਜਾਣਕਾਰੀ ਦਿੱਤੀ। ਇਨ੍ਹਾਂ ਵਿੱਚ ਕਣਕ ਦੀਆਂ ਪੀ.ਬੀ.ਡਬਲਯੂ. 887 ਅਤੇ ਪੀ.ਬੀ.ਡਬਲਯੂ. 927, ਮਸਰ ਦੀ ਐੱਲ.ਐੱਲ. 1613, ਸਰ੍ਹੋਂ ਦੀਆਂ ਪੰਜਾਬ ਰਾਇਆ ਕਨੋਲਾ-7 ਅਤੇ ਪੰਜਾਬ ਰਾਇਆ 813, ਹਾੜ੍ਹ ਬਰਸੀਮ ਦੀ ਬੀ.ਐੱਲ. 45, ਮਟਰ ਦੀ ਅਗੇਤਾ 8, ਆਲੂ, ਪਿਆਜ਼ ਅਤੇ ਲਸਣ ਦੀਆਂ ਨਵੀਆਂ ਕਿਸਮਾਂ, ਖਰਬੂਜ਼ੇ ਦੀ ਪੰਜਾਬ ਅੰਮ੍ਰਿਤ ਆਦਿ ਸ਼ਾਮਲ ਹਨ। ਉਨ੍ਹਾਂ ਨੇ ਇਹਨਾਂ ਕਿਸਮਾਂ ਦੇ ਗੁਣਾਂ ਬਾਰੇ ਜਾਣਕਾਰੀ ਦਿੰਦਿਆਂ ਕਿਸਾਨਾਂ ਨੂੰ ਇਨ੍ਹਾਂ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ। ਇਸਦੇ ਨਾਲ ਹੀ ਉਨ੍ਹਾਂ ਉਤਪਾਦਨ ਤਕਨੀਕਾਂ ਵਿੱਚ ਫੋਨ ਨਾਲ ਸਿੰਚਾਈ ਸੈਂਸਰ ਜੋੜਨ, ਮੂੰਗੀ ਵਿੱਚ ਨੀਲੇ ਚਿਪਕਵੇਂ ਕਾਰਡਾਂ ਦੀ ਵਰਤੋਂ, ਗੁੱਲੀ ਡੰਡੇ ਦੀ ਰੋਕਥਾਮ, ਸੂਖਮ ਸਿੰਚਾਈ, ਗੋਭੀ ਸਰ੍ਹੋਂ ਅਤੇ ਤੋਰੀਆ ਦੀ ਅੰਤਰਫ਼ਸਲੀ ਕਾਸ਼ਤ, ਅਤੇ ਪਸ਼ੂਆਂ ਲਈ ਫ਼ਸਲੀ ਅਚਾਰ ਬਣਾਉਣ ਵਾਸਤੇ ਲੈਕਟਿਕ ਐਸਿਡ ਬੈਕਟੀਰੀਆ ਜਾਗ ਦੀ ਤਕਨਾਲੋਜੀ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਪਾਣੀ ਦੀ ਬਚਤ ਲਈ ਕਿਸਾਨਾਂ ਨੂੰ ਯੂਨੀਵਰਸਿਟੀ ਦੀਆਂ ਸਿਫਾਰਿਸ਼ਾਂ ਅਪਣਾਉਣ ਦੀ ਅਪੀਲ ਕੀਤੀ ਅਤੇ ਪਰਾਲੀ ਦੀ ਸੰਭਾਲ ਹਰ ਹਾਲਤ ਵਿੱਚ ਖੇਤ ਵਿੱਚ ਹੀ ਕਰਨ 'ਤੇ ਜ਼ੋਰ ਦਿੱਤਾ।

ਇਸ ਮੌਕੇ ਸਵਾਗਤੀ ਸ਼ਬਦ ਸਾਂਝੇ ਕਰਦਿਆਂ ਪਸਾਰ ਸਿੱਖਿਆ ਦੇ ਨਿਰਦੇਸ਼ਕ ਡਾ. ਮੱਖਣ ਸਿੰਘ ਭੁੱਲਰ ਨੇ ਕਿਹਾ ਕਿ ਪੀ.ਏ.ਯੂ. ਵੱਲੋਂ ਹਾੜ੍ਹੀ ਦੀਆਂ ਫ਼ਸਲਾਂ ਦੀ ਬਿਜਾਈ ਤੋਂ ਪਹਿਲਾਂ ਕਰਵਾਏ ਜਾਂਦੇ ਕਿਸਾਨ ਮੇਲਿਆਂ ਦੀ ਲੜੀ ਤਹਿਤ ਇਹ ਪੰਜਵਾਂ ਮੇਲਾ ਹੈ। ਉਨ੍ਹਾਂ ਕਿਹਾ ਕਿ ਹਰ ਸਾਲ ਇਨ੍ਹਾਂ ਮੇਲਿਆਂ ਵਿੱਚ ਕਿਸਾਨਾਂ ਦੀ ਵਧ ਰਹੀ ਸ਼ਮੂਲੀਅਤ ਇਸ ਗੱਲ ਨੂੰ ਦਰਸਾਉਂਦੀ ਹੈ ਕਿ ਕਿਸਾਨਾਂ ਦਾ ਪੀ.ਏ.ਯੂ. ਦੀਆਂ ਖੇਤੀ ਖੋਜਾਂ ਅਤੇ ਸਿਫ਼ਾਰਸ਼ਾਂ ਪ੍ਰਤੀ ਭਰੋਸਾ ਲਗਾਤਾਰ ਮਜ਼ਬੂਤ ਹੋ ਰਿਹਾ ਹੈ।

ਡਾ. ਭੁੱਲਰ ਨੇ ਕਿਹਾ ਕਿ ਕਿਸਾਨ ਮੇਲਿਆਂ ਦਾ ਉਦੇਸ਼ ਯੂਨੀਵਰਸਿਟੀ ਵਿੱਚ ਹੋ ਰਹੀਆਂ ਖੇਤੀ ਖੋਜਾਂ ਅਤੇ ਵਿਕਸਤ ਕੀਤੀਆਂ ਤਕਨੀਕਾਂ ਨੂੰ ਕਿਸਾਨਾਂ ਤੱਕ ਪਹੁੰਚਾਉਣਾ ਹੈ। ਇਸ ਦੇ ਨਾਲ ਹੀ ਕਿਸਾਨਾਂ ਨੂੰ ਖੇਤੀ ਉਤਪਾਦਨ ਦੀ ਲਾਗਤ ਘਟਾਉਣ ਦੇ ਵੱਖ-ਵੱਖ ਤਰੀਕਿਆਂ ਬਾਰੇ ਜਾਣਕਾਰੀ ਦੇ ਕੇ ਖੇਤੀ ਨੂੰ ਵਧੇਰੇ ਆਰਥਿਕ ਤੌਰ 'ਤੇ ਲਾਹੇਵੰਦ ਬਣਾਉਣ ਲਈ ਉਤਸ਼ਾਹਿਤ ਕਰਨਾ ਵੀ ਇਨ੍ਹਾਂ ਮੇਲਿਆਂ ਦਾ ਅਹਿਮ ਮਕਸਦ ਹੈ। ਉਨ੍ਹਾਂ ਪੀ.ਏ.ਯੂ. ਦੇ ਖੇਤਰੀ ਖੋਜ ਕੇਂਦਰਾਂ ਵੱਲੋਂ ਕਰਵਾਏ ਜਾ ਰਹੇ ਸਿਖਲਾਈ ਪ੍ਰੋਗਰਾਮਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਕਿਸਾਨ ਮੇਲੇ ਖੇਤੀਬਾੜੀ ਨੂੰ ਵਿਗਿਆਨਕ ਲੀਹਾਂ 'ਤੇ ਅੱਗੇ ਵਧਾਉਣ ਅਤੇ ਨਵੀਆਂ ਖੇਤੀ ਤਕਨੀਕਾਂ ਨੂੰ ਕਿਸਾਨਾਂ ਤੱਕ ਪਹੁੰਚਾਉਣ ਲਈ ਪ੍ਰਭਾਵਸ਼ਾਲੀ ਮੰਚ ਵਜੋਂ ਕੰਮ ਕਰ ਰਹੇ ਹਨ। ਉਨ੍ਹਾਂ ਕਿਸਾਨਾਂ ਨੂੰ ਸੱਦਾ ਦਿੱਤਾ ਕਿ ਉਹ ਮੇਲਿਆਂ ਦੌਰਾਨ ਖੇਤੀ ਮਾਹਿਰਾਂ ਨਾਲ ਵਿਚਾਰ-ਵਟਾਂਦਰਾ ਕਰਨ ਅਤੇ ਲਗਾਤਾਰ ਸੰਪਰਕ ਵਿੱਚ ਰਹਿਣ, ਤਾਂ ਜੋ ਉਨ੍ਹਾਂ ਨੂੰ ਆਪਣੀਆਂ ਖੇਤੀ ਸਮੱਸਿਆਵਾਂ ਦੇ ਵਿਗਿਆਨਕ ਹੱਲ ਮਿਲ ਸਕਣ ਅਤੇ ਖੇਤੀ ਨੂੰ ਹੋਰ ਮੁਨਾਫ਼ੇ ਵਾਲਾ ਬਣਾਇਆ ਜਾ ਸਕੇ।

ਸਮਾਗਮ ਦੀ ਕਾਰਵਾਈ ਅਪਰ ਨਿਰਦੇਸ਼ਕ ਸੰਚਾਰ, ਪੀ.ਏ.ਯੂ., ਡਾ. ਤੇਜਿੰਦਰ ਸਿੰਘ ਰਿਆੜ ਨੇ ਚਲਾਈ। ਇਸ ਮੌਕੇ ਉਨ੍ਹਾਂ ਕਿਸਾਨਾਂ ਨੂੰ ਖੇਤੀਬਾੜੀ ਦੇ ਬਦਲਦੇ ਦੌਰ ਨਾਲ ਕਦਮ ਮਿਲਾ ਕੇ ਚੱਲਣ ਅਤੇ ਖੇਤੀ ਨਾਲ ਸੰਬੰਧਿਤ ਭਰੋਸੇਯੋਗ ਤੇ ਵਿਗਿਆਨਕ ਜਾਣਕਾਰੀ ਹਾਸਲ ਕਰਨ ਲਈ ਪੀ.ਏ.ਯੂ. ਵੱਲੋਂ ਪ੍ਰਕਾਸ਼ਿਤ ਖੇਤੀ ਸਾਹਿਤ ਨਾਲ ਜੁੜਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਕਿਸਾਨ ਯੂਨੀਵਰਸਿਟੀ ਦੇ ਹਫ਼ਤਾਵਾਰੀ ਅਖ਼ਬਾਰ 'ਖੇਤੀ ਸੰਦੇਸ਼' ਤੋਂ ਇਲਾਵਾ ਪੀ.ਏ.ਯੂ. ਦੇ ਫੇਸਬੁੱਕ ਲਾਈਵ ਪ੍ਰੋਗਰਾਮਾਂ, ਵਟਸਐਪ ਗਰੁੱਪਾਂ ਅਤੇ ਯੂ-ਟਿਊਬ ਚੈਨਲ ਰਾਹੀਂ ਵੀ ਖੇਤੀ ਮਾਹਿਰਾਂ ਦੀ ਸੇਧ ਅਤੇ ਨਵੀਂ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ। ਡਾ. ਰਿਆੜ ਨੇ ਕਿਸਾਨਾਂ ਨੂੰ ਡਿਜੀਟਲ ਸੰਚਾਰ ਸਾਧਨਾਂ ਦੀ ਵੱਧ ਤੋਂ ਵੱਧ ਵਰਤੋਂ ਕਰਦਿਆਂ ਵਿਗਿਆਨਕ ਖੇਤੀ ਨੂੰ ਅਪਣਾਉਣ ਅਤੇ ਇਸ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਤਕਨਾਲੋਜੀ ਨਾਲ ਜੁੜਨ ਦਾ ਸੱਦਾ ਦਿੱਤਾ।

ਅੰਤ ਵਿੱਚ ਧੰਨਵਾਦ ਦੇ ਸ਼ਬਦ ਖੇਤਰੀ ਖੋਜ ਕੇਂਦਰ, ਫ਼ਰੀਦਕੋਟ ਦੇ ਨਿਰਦੇਸ਼ਕ ਡਾ. ਕੁਲਦੀਪ ਸਿੰਘ ਨੇ ਕਹੇ। ਪੀ. ਏ. ਯੂ. ਦੇ ਵੱਖ-ਵੱਖ ਵਿਸ਼ਿਆਂ ਨਾਲ ਸੰਬੰਧਿਤ ਮਾਹਿਰਾਂ ਨੇ ਤਕਨੀਕੀ ਸ਼ੈਸ਼ਨ ਵਿੱਚ ਕਿਸਾਨਾਂ ਨਾਲ ਸਵਾਲ ਜਵਾਬ ਦੌਰਾਨ ਕਿਸਾਨਾਂ ਦੀਆਂ ਸਮੱਸਿਆਵਾਂ ਬਾਰੇ ਵਿਚਾਰ ਚਰਚਾ ਕੀਤੀ।

ਮੇਲੇ ਵਿੱਚ ਸਵੈ-ਸੇਵੀ ਸੰਸਥਾਵਾਂ, ਕਿਸਾਨ ਉਤਪਾਦਕ ਸੰਗਠਨਾਂ ਅਤੇ ਨਿੱਜੀ ਅਦਾਰਿਆਂ ਦੇ ਨਾਲ-ਨਾਲ ਪੀ.ਏ.ਯੂ. ਦੇ ਵੱਖ-ਵੱਖ ਵਿਭਾਗਾਂ ਅਤੇ ਖੇਤੀਬਾੜੀ ਵਿਭਾਗ ਵੱਲੋਂ ਸਟਾਲ ਲਗਾ ਕੇ ਕਿਸਾਨਾਂ ਨੂੰ ਖੇਤੀ ਨਾਲ ਸੰਬੰਧਿਤ ਉਤਪਾਦਾਂ, ਸੇਵਾਵਾਂ ਅਤੇ ਤਕਨੀਕੀ ਜਾਣਕਾਰੀ ਨਾਲ ਜਾਣੂ ਕਰਵਾਇਆ ਗਿਆ।

ਮੇਲੇ ਵਿੱਚ ਪਹੁੰਚੇ ਕਿਸਾਨਾਂ ਨੇ ਹਾੜ੍ਹੀ ਦੀਆਂ ਫ਼ਸਲਾਂ ਦੇ ਬੀਜਾਂ, ਫ਼ਲਦਾਰ ਬੂਟਿਆਂ ਅਤੇ ਪੀ.ਏ.ਯੂ. ਦੇ ਖੇਤੀ ਸਾਹਿਤ ਦੀ ਖਰੀਦ ਵਿੱਚ ਵਿਸ਼ੇਸ਼ ਰੁਚੀ ਵਿਖਾਈ। ਇਸ ਦੌਰਾਨ ਹਾੜ੍ਹੀ ਦੀਆਂ ਫ਼ਸਲਾਂ ਨਾਲ ਸਬੰਧਤ ਪੀ.ਏ.ਯੂ. ਦਾ ਨਵਾਂ ਖੇਤੀ ਸਾਹਿਤ ਵੀ ਪ੍ਰਧਾਨਗੀ ਮੰਡਲ ਵੱਲੋਂ ਜਾਰੀ ਕੀਤਾ ਗਿਆ।

# ਪੇਕਿਆਂ ਦੇ ਸ਼ਹਿਰ ਬਟਾਲਾ ਦੀ ਹਰਭਜਨ ਸਿੰਘ ਬਾਜਵਾ ਬਹਾਨੇ ਫੇਰੀ

ਵਰਲਡ ਪੰਜਾਬੀ ਟਾਈਮਜ਼
ਗੁਰਭਜਨ ਗਿੱਲ




ਬਟਾਲਾ ਮੇਰੇ ਲਈ ਸੁਪਨਿਆਂ ਦੀ ਉਡਾਰੀ ਦਾ ਪਹਿਲਾ ਪੜਾਅ ਸੀ। ਇੱਥੋਂ ਹੀ 1971 ਵਿੱਚ ਪਹਿਲੀ ਵਾਰ ਲੁਧਿਆਣਾ ਲਈ ਬੱਸ ਫੜੀ ਸੀ। ਸਤਲੁਜ ਟਰਾਂਸਪੋਰਟ ਕੰਪਨੀ ਦੀ ਬੱਸ। ਲੁਧਿਆਣਾ ਤੀਕ ਦੀ ਟਿਕਟ ਪੰਜ ਰੁਪਏ ਸੀ। ਬੱਸ ਅੱਡਾ ਵੀ ਏਥੇ ਨਹੀਂ ਸੀ। ਗਾਂਧੀ ਤੌਂ ਤੋਂ ਅੰਮ੍ਰਿਤਸਰ ਵੱਲ ਜਾਣ ਵਾਲੀ ਸੜਕ ਤੇ ਘਚੋਰ ਜਿਹੀ ਵਿੱਚ ਸੀ।

ਬਟਾਲਾ ਵਿੱਚ ਮੇਰੀ ਦਿਲਚਸਪੀ ਦਾ ਕਾਰਨ ਇਹ ਵੀ ਸੀ ਕਿ ਏਥੇ ਬੇਰਿੰਗ ਯੂਨੀਅਨ ਕਰਿਸਚਨ ਕਾਲਿਜ ਵਿੱਚ ਮੇਰੇ ਵੱਡੇ ਭਾ ਜੀ ਸੁਖਵੰਤ ਪੜ੍ਹਦੇ ਰਹੇ ਹਨ।

ਫਿਰ ਹੌਲੀ ਹੌਲੀ ਕੁਝ ਮਿੱਤਰ ਬਣੇ ਪਰ ਪਹਿਲਾਂ ਮਿੱਤਰ ਹਰਭਜਨ ਸਿੰਘ ਬਾਜਵਾ ਹੀ ਸੀ।

1973 ਵਿੱਚ ਸ਼ਿਵ ਕੁਮਾਰ ਵਿਦਾ ਹੋਇਆ ਤਾਂ ਸਾਰੇ ਯਾਦਗਾਰੀ ਸਮਾਗਮਾਂ ਵਿੱਚ ਸ਼ਾਮਲ ਹੋਣ ਦਾ ਮੌਕਾ ਮਿਲਿਆ।

1975 ਵਿੱਚ ਦੂਜਾ ਸ਼ਿਵ ਕੁਮਾਰ ਯਾਦਗਾਰੀ ਸਮਾਗਮ ਗੁਰੂ ਨਾਨਕ ਕਾਲਿਜ ਬਟਾਲਾ ਵਿੱਚ ਹੋਇਆ ਸੀ।

ਕੱਲ੍ਹ 1975 ਤੋਂ ਬਾਦ ਪੂਰੇ 51 ਸਾਲ ਬਾਦ ਇਸ ਕਾਲਿਜ ਵਿੱਚ ਜਾਣ ਦਾ ਮੌਕਾ ਮਿਲਿਆ।

ਬੋਹੜ ਤੇ ਸਟੇਜ ਨੂੰ ਮੈਂ ਪਛਾਣ ਲਿਆ। ਬੋਹੜ ਥੱਲੇ ਬਹਿ ਕੇ ਪ੍ਰਿੰਸੀਪਲ ਸਾਹਿਬ ਤੇ ਅਧਿਆਪਕਾਂ ਨਾਲ ਬਹਿ ਕੇ ਰਵਿੰਦਰ ਰਵੀ ਤੋਂ




ਫੋਟੋ ਖਿਚਵਾਈ।

ਅਸਲ ਵਿੱਚ ਕੱਲ੍ਹ ਬਟਾਲੇ ਜਾਣ ਦਾ ਬਹਾਨਾ ਹਰਭਜਨ ਸਿੰਘ ਬਾਜਵਾ ਦੀ ਅੰਤਿਮ ਅਰਦਾਸ ਕੇ ਭੋਗ ਵਿੱਚ ਸ਼ਾਮਲ ਹੋਣਾ ਸੀ।

ਲੁਧਿਆਣਾ ਤੋਂ ਅਸੀਂ ਤਿੰਨ ਜਣੇ ਹੀ ਸਾਂ। ਫੋਟੋ ਕਲਾਕਾਰ ਰਵੀ ਰਵਿੰਦਰ ਰਵੀ ਤੇ ਉਸ ਦਾ ਪਟਿਆਲਿਉਂ ਆਇਆ ਫੋਟੋ ਆਰਟਿਸਟ ਦੋਸਤ ਸੁਖਜੀਵਨ ਵੀ ਸੀ।

ਬਾਜਵਾ ਜੀ ਨੂੰ ਸਾਰਾ ਰੀਹ ਚੇਤੇ ਕਰਦੇ ਰਹੇ।

ਗੁਰੂ ਨਾਨਕ ਕਾਲਿਜ ਬਟਾਲਾ ਵਿੱਚ ਪ੍ਰਿੰਸੀਪਲ ਬਲਵਿੰਦਰ ਸਿੰਘ ਤੇ ਪੰਜਾਬੀ ਵਿਭਾਗ ਦੇ ਮੁਖੀ ਡਾ. ਗੁਰਬੀਰ ਸਿੰਘ ਬਰਾੜ ਨੇ ਪਰਵੇਜ਼ ਸੰਧੂ ਦੀ ਕਿਤਾਬ "ਬਲੌਰੀ ਅੱਖ ਵਾਲਾ ਮੁੰਡਾ" ਦੇ ਦੂਜੇ ਐਡੀਸ਼ਨ ਦਾ ਲੋਕ ਅਰਪਣ ਸਮਾਗਮ ਵੀ ਰੱਖਿਆ ਹੋਇਆ ਸੀ। ਐੱਮ ਏ ਪੰਜਾਬੀ ਨੂੰ ਪੜ੍ਹਾਉਣ ਵਾਲੇ ਸਾਰੇ ਅਧਿਆਪਕਾਂ ਨੂੰ ਮਿਲਣਾ ਬਹੁਤ ਹੀ ਚੰਗਾ ਲੱਗਾ।

ਹਰਭਜਨ ਸਿੰਘ ਬਾਜਵਾ ਨਮਿਤ ਸਮਾਗਮ ਪਿੰਡ ਧੁੱਪ ਸੜੀ ਦੇ ਗੁਰਦਵਾਰਾ ਸਾਹਿਬ ਵਿੱਚ ਸੀ ਕਾਹਨੂੰਵਾਨ ਰੋਡ ਤੇ।

ਵੈਰਾਗਮਈ ਇਲਾਹੀ ਕੀਰਤਨ ਦੀ ਛਹਿਬਰ ਸੀ। ਮੜ੍ਹੀਆਂ ਵਾਲਾ ਪਿੰਡ ਦੇ ਨਿਹੰਗ ਜਥੇਦਾਰ ਸਿੰਘ ਸਾਹਿਬ ਮਾਨ ਸਿੰਘ ਜੀ ਦੇ ਸਪੁੱਤਰ ਕੀਰਤਨ ਕਰ ਰਹੇ ਸਨ। ਰੂਹ ਸਰਸ਼ਾਰ ਹੋ ਗਈ। ਗੁਰਦਵਾਰਾ ਸਾਹਿਬ ਦਾ ਆਭਾ ਮੰਡਲ ਵੀ ਕਮਾਲ ਸੀ।

ਉਹ ਲੋਕ ਵੀ ਚੇਤਿਆਂ ਵਿੱਚ ਕੰਡੇ ਵਾਂਗ ਰੜਕੇ ਜੋ ਸਾੜੇ ਕੀਨੇ ਵੱਸ ਹੋ ਕੇ ਹਰਭਜਨ ਸਿੰਘ ਬਾਜਵਾ ਦੀ ਮੜ੍ਹੀ ਨਾਲ ਹੀ ਲੜੀ ਜਾਂਦੇ ਹਨ।

ਉਨ੍ਹਾਂ ਨੂੰ ਆਪਣਾ ਮਰਨਾ ਵਿੱਸਰਿਆ ਹੋਇਆ ਹੈ।

ਬਟਾਲਾ ਤੋਂ ਵਾਪਸੀ ਤੇ ਬਾਬਾ ਬਕਾਲਾ ਸਾਹਿਬ ਵਿਖੇ ਸ਼ਾਇਰ ਮਿੱਤਰ ਸ਼ੇਲਿੰਦਰਜੀਤ ਸਿੰਘ ਰਾਜਨ, ਬਿਆਸ ਵਿੱਚ ਕਵੀ ਮਿੱਤਰ ਵਿਸ਼ਾਲ ਤੇ ਜਲੰਧਰ ਵਿੱਚ ਡਾ. ਲਖਵਿੰਦਰ ਸਿੰਘ ਜੌਹਲ ਨੂੰ ਹਰਭਜਨ ਸਿੰਘ ਬਾਜਵਾ ਸਿਮਰਤੀ ਗ੍ਰੰਥ ਸੌਂਪਿਆ। ਬਟਾਲਾ ਤੋਂ ਮੇਰੇ ਸੱਜਣ ਹਰਜਿੰਦਰ ਸਿੰਘ ਕਲਸੀ ਨੇ ਜੋ ਕੁਝ ਮੀਡੀਆਂ ਨੂੰ ਲਿਖ ਭੇਜਿਆ, ਤੁਹਾਡੇ ਨਾਲ ਹਰਫ਼ ਹਰਫ਼ ਸਾਂਝਾ ਕਰ ਰਿਹਾ ਹਾਂ।

ਬਟਾਲਾਃ ਵਿਸ਼ਵ ਪ੍ਰਸਿੱਧ ਫੋਟੋ ਕਲਾਕਾਰ ਤੇ ਪੰਜਾਬੀ ਲੇਖਕ ਹਰਭਜਨ ਸਿੰਘ ਬਾਜਵਾ ਦੀ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਰੋਹ ਬਟਾਲਾ ਦੇ ਕਾਹਨੂੰਵਾਨ ਰੋਡ 'ਤੇ ਸਥਿਤ ਗੁਰਦੁਆਰਾ ਸਿੰਘ ਸਭਾ ਧੁੱਪਸੜੀ 'ਚ ਹੋਇਆ। ਵੱਖ-ਵੱਖ ਖੇਤਰ ਦੀਆਂ ਅਹਿਮ ਸ਼ਖ਼ਸੀਅਤਾਂ ਨੇ ਆਪਣੇ ਸੰਬੋਧਨ ਦੌਰਾਨ ਮਰਹੂਮ ਸ. ਹਰਭਜਨ ਸਿੰਘ ਬਾਜਵਾ ਨਾਲ ਗੁਜ਼ਾਰੇ ਪਲਾਂ ਨੂੰ ਜਿੱਥੇ ਬਿਆਨਿਆ, ਉੱਥੇ ਸਾਹਿੱਤ ਤੇ ਫੋਟੋਗ੍ਰਾਫੀ 'ਚ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ। ਨਿਹੰਗ ਸਿੰਘ ਰਾਗੀ ਜਥੇ ਨੇ ਵੈਰਾਗਮਈ ਕੀਰਤਨ ਕਰਕੇ ਸੰਗਤਾਂ ਦਾ ਧਿਆਨ ਗੁਰੂ ਚਰਨਾਂ ਨਾਲ ਜੋੜੀ ਰੱਖਿਆ।

ਅੰਤਿਮ ਅਰਦਾਸ ਮੌਕੇ ਗਗਨਦੀਪ ਸਿੰਘ ਵਿਰਕ ਅਤੇ ਪ੍ਰੋਫੈਸਰ ਨਰੇਸ਼ ਕੁਮਾਰ ਵੱਲੋਂ ਸੰਪਾਦਤ ਕੀਤੀ ਕਿਤਾਬ 'ਹਰਭਜਨ ਸਿੰਘ ਬਾਜਵਾ ਸਿਮਰਤੀ ਗ੍ਰੰਥ' ਲੋਕ ਅਰਪਣ ਕਰਨ ਦੀ ਰਸਮ ਪੰਜਾਬ ਦੇ ਖੇਤੀਬਾੜੀ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ, ਭਗਤ ਪੂਰਨ ਸਿੰਘ ਪਿੰਗਲਵਾੜਾ ਟਰੱਸਟ ਦੇ ਚੇਅਰਮੈਨ ਬੀਬੀ ਡਾ. ਇੰਦਰਜੀਤ ਕੌਰ, ਨਾਮਵਰ ਸ਼ਾਇਰ ਪ੍ਰੋਫੈਸਰ ਗੁਰਭਜਨ ਸਿੰਘ ਗਿੱਲ, ਨਾਵਲਕਾਰ ਜਰਨੈਲ ਸਿੰਘ ਮਾਹਲ,ਪ੍ਰਿੰਸੀਪਲ ਸਵਰਨ ਸਿੰਘ ਵਿਰਕ,ਡਾ. ਸੁਮੇਲ ਸਿੰਘ ਸਿੱਧੂ ਬਠਿੰਡਾ,ਸ਼ਾਇਰ ਡਾ. ਰਵਿੰਦਰ ਬਟਾਲਾ ਤੇ ਪੰਜਾਬੀ ਲੇਖਕ ਦੇਵਿੰਦਰ ਦੀਦਾਰ ਸਮੇਤ ਹੋਰ ਸ਼ਖ਼ਸੀਅਤਾਂ ਨੇ ਕੀਤੀ।

ਫੋਟੋ ਕਲਾਕਾਰ ਬਾਜਵਾ ਨੂੰ ਸ਼ਰਧਾਂਜਲੀ ਦੇਂਦਿਆ ਪੰਜਾਬ ਦੇ ਕੈਬਿਨਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਸ. ਹਰਭਜਨ ਸਿੰਘ ਬਾਜਵਾ ਵੱਲੋਂ ਉਨ੍ਹਾਂ ਦੇ ਬਾਪ ਮਰਹੂਮ (ਜਥੇਦਾਰ ਜਗਦੇਵ ਸਿੰਘ ਖੁੱਡੀਆਂ) ਨਾਲ ਭਰਾਵਾਂ ਵਰਗੀ ਨਿਭਾਈ ਸਾਂਝ ਨੂੰ ਜਿੱਥੇ ਬਿਆਨਿਆ, ਉੱਥੇ ਬਾਜਵਾ ਵੱਲੋਂ ਉਨ੍ਹਾਂ ਦੇ ਬਚਪਨ ਸਮੇਂ ਉਨ੍ਹਾਂ ਦੀਆਂ ਖਿੱਚੀਆਂ ਤਸਵੀਰਾਂ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਬਾਜਵਾ ਨੂੰ ਰੱਜੀ ਰੂਹ ਵਾਲਾ ਮਨੁੱਖ ਦੱਸਿਆ।

ਜਦੋਂ ਕਿ ਵਿਧਾਇਕ ਤੇ ਸਾਬਕਾ ਮੰਤਰੀ ਸ. ਤ੍ਰਿਪਤ ਰਜਿੰਦਰ ਸਿੰਘ ਬਾਜਵਾ ਨੇ ਆਪਣੇ ਸੰਖੇਪ ਸੰਬੋਧਨ ਦੌਰਾਨ ਪਿੱਛੋਂ ਪਾਕਿਸਤਾਨ ਤੋਂ ਇੱਕੋ ਪਿੰਡੋਂ ਕੋਟਲੀ ਬਾਜਵਾ (ਨਾਰੋਵਾਲ) ਤੋਂ ਆਏ ਇੱਕ ਹੀ ਪਰਿਵਾਰ ਦੀ ਅੰਸ਼-ਵੰਸ਼ ਤੋਂ ਜਾਣੂ ਕਰਵਾਇਆ।ਉਨ੍ਹਾਂ ਕਿਹਾ ਕਿ ਉਹ ਵੱਡੀ ਤੋਂ ਵੱਡੀ ਤਾਕਤ ਨੂੰ ਵੀ ਵੰਗਾਰਨ ਦੀ ਸਮਰੱਥਾ ਰੱਖਦੇ ਸਨ।

ਪਿੰਗਲਵਾੜਾ ਦੀ ਚੇਅਰਮੈਨ ਬੀਬੀ ਡਾ. ਇੰਦਰਜੀਤ ਕੌਰ ਨੇ ਹਰਭਜਨ ਸਿੰਘ ਬਾਜਵਾ ਨੂੰ ਸਕੇ ਭਰਾ ਤੋਂ ਵੱਧ ਪਿਆਰ ਕਰਨ ਵਾਲਾ ਦੱਸਿਆ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨਾਲ ਮੇਰੀ ਆਖਰੀ ਮੁਲਾਕਾਤ 15 ਅਗਸਤ 2026 ਨੂੰ ਉਨ੍ਹਾਂ ਦੇ ਘਰ ਵਿੱਚ ਹੋਈ।

ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਹਰਭਜਨ ਸਿੰਘ ਬਾਜਵਾ ਇਕੱਲਾ ਫੋਟੋਗ੍ਰਾਫਰ ਹੀ ਨਹੀਂ ਸੀ, ਸਗੋਂ ਉਹ ਸ਼ਾਇਰ, ਲੇਖਕ, ਰਾਹ ਦਸੇਰਾ ਅਤੇ ਕਈ ਕਲਾਵਾਂ ਦਾ ਸੁਮੇਲ ਸੀ। ਦਾਦੀਆਂ ਵਾਲੇ ਸ. ਜਰਨੈਲ ਸਿੰਘ ਮਾਹਲ ਨਾਵਲਕਾਰ ਨੇ ਉਨ੍ਹਾਂ ਨਾਲ ਉਮਰ ਲੰਮੀ ਸਾਂਝ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਕਿਵੇਂ ਬਾਜਵਾ ਨੇੜਉਸ ਤੋਂ ਜੇਲ੍ਹ ਜੀਵਨ ਬਾਰੇ ਨਾਵਲ ਪਛਤਾਵਾ ਲਿਖਵਾਇਆ।

ਬਾਬਾ ਆਇਆ ਸਿੰਘ ਰਿਆੜਕੀ ਕਾਲਿਜ ਤੁਗਲਵਾਲਾ ਦੇ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਸੱਚੇ ਸੁੱਚੇ ਮਿੱਤਰ ਨੂੰ ਸ਼ਰਧਾਂਜਲੀ ਫੁੱਲ ਭੇਂਟ ਕਰਦਿਆਂ ਆਈਆਂ ਸੰਗਤਾਂ ਦਾ ਪਰਿਵਾਰ ਵੱਲੋਂ ਧੰਨਵਾਦ ਕੀਤਾ।

ਮੰਚ ਸੰਚਾਲਨ ਪੰਜਾਬੀ ਸ਼ਾਇਰ ਡਾ. ਰਵਿੰਦਰ ਨੇ ਕੀਤਾ। ਇਸੇ ਤਰ੍ਹਾਂ ਵੱਖ-ਵੱਖ ਅਖ਼ਬਾਰਾਂ ਦੇ ਸੰਪਾਦਕਾਂ , ਸਾਹਿੱਤਕ ਤੇ ਸਮਾਜਿਕ ਜਥੇਬੰਦੀਆਂ ਨੇ ਜਿੱਥੇ ਆਪਣੇ ਸ਼ੋਕ ਸੰਦੇਸ਼ ਭੇਜੇ, ਉੱਥੋਂ ਟੋਰਾਂਟੋ ਤੋਂ ਵਿਸ਼ਵ ਪੰਜਾਬੀ ਭਵਨ ਦੇ ਚੇਅਰਮੈਨ ਡਾ. ਦਲਬੀਰ ਸਿੰਘ ਕਥੂਰੀਆ, ਪੰਜਾਬੀ ਲੇਖਕ ਪ੍ਰਿੰਸੀਪਲ ਸਰਵਣ ਸਿੰਘ, ਡਾ. ਵਰਿਆਮ ਸਿੰਘ ਸੰਧੂ,ਪ੍ਰੋ. ਜਾਗੀਰ ਸਿੰਘ ਕਾਹਲੋਂ, ਨਾਟਕਕਾਰ ਹੀਰਾ ਸਿੰਘ ਰੰਧਾਵਾ, ਖਾਲਸਾ ਕਾਲਜ ਅੰਮ੍ਰਿਤਸਰ, ਜੀ.ਐੱਨ.ਡੀ.ਯੂ. ਅੰਮ੍ਰਿਤਸਰ ਦੇ ਸਾਬਕਾ ਵਾਈਸ ਚਾਂਸਲਰ, ਡਾ. ਸ ਪ ਸਿੰਘ, ਪੰਜਾਬੀ ਯੂਨੀਵਰਸਿਟੀ, ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਸਮੇਤ ਹੋਰ ਨਾਮਵਰ ਸ਼ਖ਼ਸੀਅਤਾਂ ਦੇ ਭੇਜੇ ਸ਼ੋਕ ਸੰਦੇਸ਼ ਪੜ੍ਹੇ ਗਏ।

ਇਸ ਮੌਕੇ ਆਮ ਆਦਮੀ ਪਾਰਟੀ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਲੋਂ ਵੀ ਆਪਣੇ ਸ਼ੋਕ ਸੰਦੇਸ਼ ਵਿੱਚ ਸਵ: ਹਰਭਜਨ ਸਿੰਘ ਬਾਜਵਾ ਨੂੰ ਯਾਦ ਕਰਕੇ ਸ਼ਰਧਾ ਦੇ ਫੁੱਲ ਅਰਪਨ ਕੀਤੇ।

ਇਸ ਮੌਕੇ 'ਤੇ ਡਾ. ਸਤਿਨਾਮ ਸਿੰਘ ਨਿੱਝਰ, ਚੇਅਰਮੈਨ . ਉੱਤਮ ਸਿੰਘ ਯਾਦਗਾਰੀ ਟਰਸਟ ਬਟਾਲਾ,ਕੇਂਦਰੀ ਪੰਜਾਬੀ ਲੇਖਕ ਸਭਾ ਪ੍ਰਤੀਨਿਧ ਮੱਖਣ ਸਿੰਘ ਕੋਹਾੜ, ਵਿਜੈ ਅਗਨੀਹੋਤਰੀ, ਡਾ. ਅਨੂਪ ਸਿੰਘ, ਪ੍ਰੋ. ਸੁਖਜਿੰਦਰ ਸਿੰਘ ਪੱਡਾ ਕੈਨੇਡਾ, ਮੁਖਤਾਰ ਗਿੱਲ, ਅਜੀਤ ਕਮਲ, ਵਰਗਿਸ ਸਲਾਮਤ, ਗੁਰਮੀਤ ਸਿੰਘ ਬਾਜਵਾ,ਕਵੀ ਤੇ ਫੋਟੋਕਾਰ ਰਵਿੰਦਰ ਰਵੀ ਲੁਧਿਆਣਾ, ਫੋਟੋ ਕਲਾਕਾਰ ਸੁਖਜੀਵਨ ਪਟਿਆਲਾ, ਕਿਸਾਨ ਆਗੂ ਗੁਰਬਚਨ ਸਿੰਘ ਬਾਜਵਾ, ਸੁਖਵਿੰਦਰ ਸਿੰਘ ਕਾਹਲੋਂ,ਆਮ ਪਾਰਟੀ ਦੇ ਹਲਕਾ ਇੰਚਾਰਜ ਫਤਿਹਗੜ੍ਹ ਚੂੜੀਆਂ ਜੋਬਨ ਰੰਧਾਵਾ, ਫੋਟੋਗ੍ਰਾਫਰ ਐਸੋਸੀਏਸ਼ਨ ਪ੍ਰਧਾਨ ਸੁਖਜਿੰਦਰ ਸਿੰਘ ਧੁੱਪਸੜੀ, ਮੁੱਖ ਖੇਤੀਬਾੜੀ ਅਫਸਰ ਡਾ. ਸ਼ਹਿਬਾਜ ਸਿੰਘ ਚੀਮਾ, ਡੀ.ਪੀ.ਆਰ.ਓ. ਹਰਜਿੰਦਰ ਸਿੰਘ ਕਲਸੀ, ਸਾਬਕਾ ਰਾਜਸਭਾ ਮੈਂਬਰ ਸ. ਭੂਪਿੰਦਰ ਸਿੰਘ ਮਾਨ, ਸੁਰਜੀਤ ਸਪੋਰਟਸ ਬਟਾਲਾ ਦੇ ਪ੍ਰਧਾਨ ਪਿਰਥੀਪਾਲ ਸਿੰਘ ਬਟਾਲਾ, ਲੋਕਲ ਬਾਡੀਜ਼ ਦੇ ਸੇਵਾਮੁਕਤ ਚੀਫ ਇੰਜਨੀਅਰ ਸ. ਸੁਖਬੀਰ ਸਿੰਘ ਜਾਖੜ ਲੁਧਿਆਣਾ, ਸੁਰਤਿ ਮੈਗਜ਼ੀਨ ਦੇ ਸੰਪਾਦਕ ਡਾ. ਗੁਰਬੀਰ ਸਿੰਘ ਬਰਾੜ, ਅੱਖਰ ਦੇ ਸੰਪਾਦਕ ਡਾ. ਬਿਕਰਮਜੀਤ,ਲੋਕ ਗਾਇਕ ਗਾਇਕ ਸਵਿੰਦਰ ਸਿੰਘ ਭਾਗੋਵਾਲੀਆ, ਹੈਪੀ ਬਟਾਲਾ ਸੁਲੱਖਣ ਸਿੰਘ ਰਿਆੜ ਕਵੀਸ਼ਰ, ਨਿਰਮਲ ਸਿੰਘ ਨਿੰਮਾ ਗੁਰਦਾਸਪੁਰੀ ਗਾਇਕ, ਰਛਪਾਲ ਰਸੀਲਾ, ਰਮੇਸ਼ ਯਾਦਵ, ਰਾਜਪਾਲ ਬਾਠ, ਜੋਗਿੰਦਰ ਅੰਗਰੂਲਾ, ਡਾ. ਪਰਮਜੀਤ ਸਿੰਘ ਕਲਸੀ, ਰਿਆੜਕੀ ਸੱਥ ਹਰਪੁਰਾ ਧੰਦੋਈ ਦੇ ਮੁੱਖ ਸੇਵਾਦਾਰ ਸੂਬਾ ਸਿੰਘ ਖਹਿਰਾ , ਨਾਵਲਕਾਰ ਜਰਨੈਲ ਸਿੰਘ ਮਾਹਲ ਸਮੇਤ ਹੋਰ ਹਾਜ਼ਰ ਸਨ। ਹਰਭਜਨ ਸਿੰਘ ਬਾਜਵਾ ਦੇ ਸਪੁੱਤਰ ਹਰਜਸਕੰਵਲ ਸਿੰਘ ਬਾਜਵਾ ਨੇ ਸਭ ਦਾ ਧੱਨਵਾਦ ਕੀਤਾ।

ਪਿੱਛੋਂ ਸੁੱਝੀ: ਹਰਭਜਨ ਸਿੰਘ ਬਾਜਵਾ ਦੇ ਭੋਗ ਤੋਂ ਬਟਾਲਿਉਂ ਪਰਤਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਮਹਿਤਾ ਚੌਂਕ ਨੇੜੇ ਪਿੰਡ ਨੰਗਲੀ ਵਿੱਚ ਆਪਣੇ ਬਾਪ ਸ. ਜਗਦੇਵ ਸਿੰਘ ਖੁੱਡੀਆਂ ਦੇ ਖ਼ਾਲਸਾ ਕਾਲਿਜ ਅੰਮ੍ਰਿਤਸਰ ਵਿੱਚ ਰਹੇ ਸਹਿਪਾਠੀ ਤੇ ਭਾਰਤੀ ਅਥਲੈਟਿਕਸ ਟੀਮ ਦੇ ਕੋਚ ਰਹੇ ਸ. ਹਰਭਜਨ ਸਿੰਘ ਰੰਧਾਵਾ ਨੂੰ ਵੀ ਮਿਲਣ ਗਏ। ਸ. ਰੰਧਾਵਾ ਭਾਰਤੀ ਅਥਲੈਟਿਕਸ ਦੇ ਚਾਨਣ ਮੁਨਾਰੇ , ਭਾਰਤ ਦੇ ਪਹਿਲੇ ਅਰਜੁਨਾ ਐਵਾਰਡੀ ਤੇ ਪਦਮ ਸ੍ਰੀ ਉੱਡਣਾ ਬਾਜ਼ ਗੁਰਬਚਨ ਸਿੰਘ ਰੰਧਾਵਾ ਦੇ ਵੱਡੇ ਭਰਾਤਾ ਹਨ।